ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ
ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)
E-mail Id : pwdmohali@gmail.com Tel. & Fax No. 0172-2226328

ਸੇਵਾ,

The Principal,
Ajit Karam Singh International Public School (Smart School)
Sector -125,
Kharar, Mohali.

ਨੰ: 3580 ਮਿਤੀ: 15-4-2021

ਵਿਸ਼ਾ- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ: ਆਪ ਦਾ ਪੱਤਰ ਨੰ: Nil ਮਿਤੀ 19.03.2021

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋ ਇੰਸਪੈਕਸਨ ਫੀਸ ਰੁ: 10,000/- ਜੀ.ਆਰ. ਨੰ. 3903141 ਮਿਤੀ 07-04-2021 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31-3-2022 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ ਫਾਇਰ ਸੇਫਟੀ ਸਰਟੀਫਿਕੇਟ ਮਿਤੀ 26.06.2021 ਤੋ 31.03.2022 ਤੱਕ ਇਸ ਦਫਤਰ ਵਿਚ ਜਮ੍ਹਾਂ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸੇਫਟੀ ਸਰਟੀਫਿਕੇਟ ਜਮ੍ਹਾਂ ਨਹੀ ਕਰਵਾਇਆ ਜਾਂਦਾ ਤਾਂ ਇਹ ਸਰਟੀਫਿਕੇਟ ਮਿਤੀ 25.06.2021 ਤੱਕ ਹੀ ਸੱਮਝਿਆ ਜਾਵੇ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹੈ:

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।
2. ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋ ਦੁਬਾਰਾ ਚੈਕ ਕਰਵਾਇਆ ਜਾਵੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸ, ਐਸ.ਏ.ਐਸ ਨਗਰ ਵਲੋ ਉਨ੍ਹਾਂ ਦੇ ਐਨ.ਓ.ਸੀ ਨੰ: 2004-22715-Fire/15983 ਮਿਤੀ: 25.06.2020 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋ ਲਿਖਿਆ ਗਿਆ ਹੈ ਕਿ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।
15/4/21

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 143 ਮਿਤੀ 07-04-2021 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

JAGJIT SEKHON
Principal
AKSIPS-125, Old Sunny Enclave
Greater Mohali